ਬਿਲਾਵਲੁ ਮਹਲਾ ੫ ॥ ਮਨ ਕਿਆ ਕਹਤਾ ਹਉ ਕਿਆ ਕਹਤਾ ॥ ਜਾਨ ਪ੍ਰਬੀਨ ਠਾਕੁਰ ਪ੍ਰਭ ਮੇਰੇ ਤਿਸੁ ਆਗੈ ਕਿਆ ਕਹਤਾ ॥੧॥ ਰਹਾਉ ॥ ਅਨਬੋਲੇ ਕਉ ਤੁਹੀ ਪਛਾਨਹਿ ਜੋ ਜੀਅਨ ਮਹਿ ਹੋਤਾ ॥ ਰੇ ਮਨ ਕਾਇ ਕਹਾ ਲਉ ਡਹਕਹਿ ਜਉ ਪੇਖਤ ਹੀ ਸੰਗਿ ਸੁਨਤਾ ॥ ੧॥ ਐਸੋ ਜਾਨਿ ਭਏ ਮਨਿ ਆਨਦ ਆਨ ਨ ਬੀਓ ਕਰਤਾ ॥ ਕਹੁ ਨਾਨਕ ਗੁਰ ਭਏ ਦਇਆਰਾ ਹਰਿ ਰੰਗੁ ਨ ਕਬਹੂ ਲਹਤਾ ॥੨॥੮॥੯੪॥ {ਪੰਨਾ 823}

ਪਦਅਰਥ:- ਮਨ—ਹੇ (ਮੇਰੇ) ਮਨ! ਹਉ—ਜੀਵ। ਜਾਨ—ਜਾਣਨਹਾਰ। ਪ੍ਰਬੀਨ—ਸਿਆਣਾ। ਤਿਸੁ ਆਗੈ—ਉਸ (ਪ੍ਰਭੂ) ਦੇ ਸਾਹਮਣੇ।1। ਰਹਾਉ।

ਅਨਬੋਲੇ—ਨਾਹ ਬੋਲੇ ਹੋਏ ਬੋਲ ਨੂੰ। ਜੀਅਨ—ਦਿਲਾਂ ਵਿਚ। ਕਾਇ—ਕਿਉਂ? ਕਹਾ ਲਉ—ਕਦ ਤਕ? ਡਹਕਹਿ—ਤੂੰ ਠੱਗੀ ਕਰੇਂਗਾ। ਜਉ—ਜਦੋਂ। ਸੰਗਿ—ਨਾਲ।1।

ਜਾਨਿ—ਜਾਣ ਕੇ। ਮਨਿ—ਮਨ ਵਿਚ। ਆਨ—{ANX} ਕੋਈ ਹੋਰ। ਬੀਓ—ਦੂਜਾ। ਦਇਆਰਾ—ਦਇਆਵਾਨ।2।

ਅਰਥ:- ਹੇ ਮਨ! ਤੂੰ ਕੀਹ ਕਹਿ ਰਿਹਾ ਹੈਂ? ਹੇ ਜੀਵ! ਤੂੰ ਕੀਹ ਆਖਦਾ ਹੈਂ? ਮੇਰੇ ਠਾਕੁਰ ਪ੍ਰਭੂ ਜੀ ਤਾਂ ਸਭ ਜੀਵਾਂ ਦੇ ਦਿਲਾਂ ਦੀ ਜਾਣਨ ਤੇ ਸਮਝਣ ਵਾਲੇ ਹਨ। ਹੇ ਜੀਵ! ਉਸ ਅੱਗੇ ਕੋਈ (ਠੱਗੀ-ਫ਼ਰੇਬ ਦੀ) ਗੱਲ ਨਹੀਂ ਆਖੀ ਜਾ ਸਕਦੀ।1। ਰਹਾਉ।

ਹੇ ਪ੍ਰਭੂ! ਜੋ ਅਸਾਂ ਜੀਵਾਂ ਦੇ ਦਿਲਾਂ ਵਿਚ ਹੁੰਦਾ ਹੈ, ਉਸ ਨੂੰ ਦੱਸਣ ਤੋਂ ਬਿਨਾ ਤੂੰ ਆਪ ਹੀ (ਪਹਿਲਾਂ ਹੀ) ਪਛਾਣ ਲੈਂਦਾ ਹੈਂ। ਹੇ ਮਨ! ਤੂੰ ਕਿਉਂ ਠੱਗੀ ਕਰਦਾ ਹੈਂ? ਕਦ ਤਕ ਠੱਗੀ ਕਰੀ ਜਾਵੇਂਗਾ? ਪਰਮਾਤਮਾ ਤਾਂ ਤੇਰੇ ਨਾਲ (ਵੱਸਦਾ ਹੋਇਆ ਤੇਰੇ ਕਰਮ) ਵੇਖ ਰਿਹਾ ਹੈ, ਤੇ, ਸੁਣ ਭੀ ਰਿਹਾ ਹੈ।1।

ਹੇ ਭਾਈ! ਇਹ ਜਾਣ ਕੇ ਕਿ, ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਕੁਝ ਭੀ ਕਰਨ ਜੋਗਾ ਨਹੀਂ, (ਜਾਣਨ ਵਾਲੇ ਦੇ) ਮਨ ਵਿਚ ਹੁਲਾਰਾ ਪੈਦਾ ਹੋ ਜਾਂਦਾ ਹੈ। ਹੇ ਨਾਨਕ! ਆਖ—ਜਿਸ ਮਨੁੱਖ ਉਤੇ ਗੁਰੂ ਮਿਹਰਬਾਨ ਹੁੰਦਾ ਹੈ (ਉਸ ਦੇ ਦਿਲ ਵਿਚੋਂ) ਪਰਮਾਤਮਾ ਦਾ ਪ੍ਰੇਮ-ਰੰਗ ਕਦੇ ਨਹੀਂ ਉਤਰਦਾ।2।8। 94।